**ਪ੍ਰੈਸ ਨੋਟ**
**(ਫਿਰੋਜ਼ਪੁਰ ਪੁਲਿਸ)**

**ਫਿਰੋਜ਼ਪੁਰ: 17 ਨਵੰਬਰ 2023**

**ਜਿਲ੍ਹਾ ਫਿਰੋਜ਼ਪੁਰ ਪੁਲਿਸ ਵੱਲੋ ਮਾੜੇ ਅਨਸਰਾਂ ਵਿਰੁੱਧ ਜਾਰੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਿਲ ਕਰਦਿਆਂ 03 ਦੋਸ਼ੀਆ ਨੂੰ ਕਾਬੂ ਕਰਕੇ ਉਨ੍ਹਾ ਪਾਸੋ 01 ਕਿੱਲੋ 500 ਗ੍ਰਾਮ ਹੈਰੋਇਨ ਅਤੇ ਕਾਰ ਸਜੂਕੀ ਸੈਲੇਰੀਉ (ਬਿਨਾ ਨੰਬਰੀ) ਬਰਾਮਦ ਕੀਤੀ।**

**ਸ਼੍ਰੀ ਦੀਪਕ ਹਿਲੋਰੀ ਐਸ.ਐਸ.ਪੀ ਫਿਰੋਜ਼ਪੁਰ ਜੀ ਵੱਲੋਂ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਅਤੇ ਸ਼ਰਾਰਤੀ ਅਨਸਰਾਂ ਦੀਆਂ ਵਾਰਦਾਤਾਂ ਨੂੰ ਪੂਰੀ ਤਰ੍ਹਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਸੰਬਧੀ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਸ਼੍ਰੀ ਬਲਕਾਰ ਸਿੰਘ ਡੀ.ਐਸ.ਪੀ (ਡੀ) ਅਤੇ ਸ਼੍ਰੀ ਸੰਦੀਪ ਸਿੰਘ ਡੀ.ਐਸ.ਪੀ (ਦਿਹਾਤੀ) ਦੀ ਨਿਗਰਾਨੀ ਹੇਠ, ਇੰਸਪੈਕਟਰ ਹਰਪ੍ਰੀਤ ਸਿੰਘ ਇੰਚਾਰਜ਼ ਸੀ.ਆਈ.ਏ ਸਟਾਫ ਫਿਰੋਜ਼ਪੁਰ ਦੀ ਅਗਵਾਈ ਅਧੀਨ ਐਸ.ਆਈ ਜੱਜਪਾਲ ਸਿੰਘ ਸੀ.ਆਈ.ਏ ਸਟਾਫ ਫਿਰੋਜ਼ਪੁਰ ਸਮੇਤ ਪੁਲਿਸ ਪਾਰਟੀ ਗਸ਼ਤ ਵਾਂ ਚੈਕਿੰਗ ਸ਼ੱਕੀ ਪੁਰਸ਼ਾ ਅਤੇ ਸ਼ੱਕੀ ਵਹੀਕਲਾਂ ਦੇ ਸਬੰਧ ਵਿੱਚ ਫਿਰੋਜ਼ਪੁਰ-ਫਾਜਿਲਕਾ ਹਾਈਵੇ ਟੀ ਪੁਆਇੰਟ ਮਮਦੋਟ ਪਰ ਨਾਕਾਬੰਦੀ ਕੀਤੀ ਹੋਈ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਰੁਹੇਲਾ ਹਾਜੀ, ਮਲਕੀਤ ਸਿੰਘ ਉਰਫ ਕੀਰਤ ਪੁੱਤਰ ਸੋਨਾ ਸਿੰਘ ਵਾਸੀ ਲੱਖਾ ਸਿੰਘ ਹਿਠਾੜ ਅਤੇ ਸੋਨੂੰ ਪੁੱਤਰ ਮੇਹਰ ਸਿੰਘ ਵਾਸੀ ਨਿਹਾਲਾ ਕਿਲਚਾ ਥਾਣਾ ਮਮਦੋਟ ਆਪਸ ਵਿੱਚ ਮਿਲ ਕੇ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ। ਅੱਜ ਵੀ ਇਹ ਤਿੰਨੇ ਜਣੇ ਚਿੱਟੇ ਰੰਗ ਦੀ ਕਾਰ ਸਜੂਕੀ ਸੈਲੇਰੀਉ ਪਰ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਲੈ ਕੇ ਫਿਰੋਜ਼ਪੁਰ ਵੱਲ ਆ ਰਹੇ ਹਨ। ਜੋ ਨਾਕਾਬੰਦੀ ਦੌਰਾਨ ਕਾਬੂ ਆ ਸਕਦੇ ਹਨ। ਜਿਸ ਤੇ ਮੁਸਮੀ ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ, ਮਲਕੀਤ ਸਿੰਘ ਉਰਫ ਕੀਰਤ ਅਤੇ ਸੋਨੂੰ ਪੁੱਤਰ ਮੇਹਰ ਸਿੰਘ ਦੇ ਖਿਲਾਫ ਮੁਕੱਦਮਾ ਨੰ. 169 ਮਿਤੀ 17-11-2023 ਅ/ਧ 21/61/85 ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਮਮਦੋਟ ਦਰਜ ਰਜਿਸਟਰ ਕੀਤਾ ਗਿਆ। ਐਸ.ਆਈ ਜੱਜਪਾਲ ਸਿੰਘ ਸੀ.ਆਈ.ਏ ਸਟਾਫ ਵੱਲੋ ਸਮੇਤ ਪੁਲਿਸ ਪਾਰਟੀ **ਬਾ-ਹੱਦ ਰਕਬਾ ਫਿਰੋਜ਼ਪੁਰ ਫਾਜਿਲਕਾ ਰੋਡ ਟੀ- ਪੁਆਇੰਟ ਮਮਦੋਟ ਤੋਂ** ਮੁਸਮੀ ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ, ਮਲਕੀਤ ਸਿੰਘ ਉਰਫ ਕੀਰਤ ਅਤੇ ਸੋਨੂੰ ਪੁੱਤਰ ਮੇਹਰ ਸਿੰਘ ਨੂੰ 01 ਕਿੱਲੋ 500 ਗ੍ਰਾਮ ਹੈਰੋਇਨ ਸਮੇਤ ਕਾਬੂ

ਕੀਤਾ ਗਿਆ। ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਜਾਵੇਗਾ। ਪੁੱਛਗਿੱਛ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਮੁਕੱਦਮਾ ਨੰ. 169 ਮਿਤੀ 17-11-2023 ਅ/ਧ 21/61/85 ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਮਮਦੋਟ

ਬਨਾਮ:- 1. ਸ਼ਿੰਦਰਪਾਲ ਸਿੰਘ ਉਰਫ ਸ਼ਿੰਦਰ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਰੁਹੇਲਾ ਹਾਜੀ(ਉਮਰ ਕਰੀਬ 25 ਸਾਲ)

2.ਮਲਕੀਤ ਸਿੰਘ ਉਰਫ ਕੀਰਤ ਪੁੱਤਰ ਸੋਨਾ ਸਿੰਘ ਵਾਸੀ ਲੱਖਾ ਸਿੰਘ ਹਿਠਾੜ(ਉਮਰ ਕਰੀਬ 22 ਸਾਲ)

3. ਸੋਨੂੰ ਪੁੱਤਰ ਮੇਹਰ ਸਿੰਘ ਵਾਸੀ ਨਿਹਾਲਾ ਕਿਲਚਾ ਥਾਣਾ ਮਮਦੋਟ(ਉਮਰ ਕਰੀਬ 25 ਸਾਲ)

**ਬ੍ਰਾਮਦਗੀ :- 01 ਕਿੱਲੋ 500 ਗ੍ਰਾਮ ਹੈਰੋਇਨ ਅਤੇ ਕਾਰ ਸਜੁਕੀ ਸੈਲੇਰੀਉ (ਬਿਨਾ ਨੰਬਰੀ)**

**ਵਕੂਆ ਦੀ ਮਿਤੀ ਅਤੇ ਸਥਾਨ**- ਮਿਤੀ 17-11-2023, **ਬਾ-ਹੱਦ ਰਕਬਾ ਫਿਰੋਜ਼ਪੁਰ ਫਾਜਿਲਕਾ ਰੋਡ ਟੀ- ਪੁਆਇੰਟ ਮਮਦੋਟ।**